# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 08-02-2025**

ਅਮਰੀਕਾ 'ਚ ਵੀਜ਼ੇ 'ਤੇ ਰਹਿ ਰਹੇ ਅਤੇ ਗ੍ਰੀਨ ਕਾਰਡ ਦੀ ਉਡੀਕ ਕਰ ਰਹੇ ਭਾਰਤੀ ਵਿਦਿਆਰਥੀਆਂ ਅਤੇ ਪੇਸ਼ੇਵਰਾਂ ਨੂੰ ਵੱਡੀ ਰਾਹਤ ਦਿੰਦੇ ਹੋਏ Seattle ਦੇ ਇਕ ਸੰਘੀ ਜੱਜ ਨੇ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਦੇ ਉਸ ਕਾਰਜਕਾਰੀ ਹੁਕਮ 'ਤੇ ਅਣਮਿੱਥੇ ਸਮੇਂ ਲਈ ਰੋਕ ਲਾ ਦਿੱਤੀ ਏ, ਜਿਸ ਵਿਚ ਜਨਮ ਅਧਿਕਾਰ ਨਾਗਰਿਕਤਾ ਨੂੰ ਖਤਮ ਕਰਨ ਦੀ ਕੋਸ਼ਿਸ਼ ਕੀਤੀ ਗਈ ਸੀ । ਖਬਰ ਮੁਤਾਬਿਕ, ਆਦੇਸ਼ ਦੀ ਨੁਕਤਾਚੀਨੀ ਕਰਦਿਆਂ, ਅਦਾਲਤ ਨੇ ਕਿਹਾ ਕਿ ਸ਼੍ਰੀ ਟਰੰਪ ਕਾਨੂੰਨ ਦੇ ਸ਼ਾਸਨ ਨੂੰ ਤੋੜਨ ਦੀ ਕੋਸ਼ਿਸ਼ ਕਰ ਰਹੇ ਨੇ. Maryland ਵਿੱਚ ਇੱਕ ਸੰਘੀ ਜੱਜ ਵੱਲੋਂ ਇੱਕ ਅਜਿਹਾ ਹੀ ਫੈਸਲਾ ਜਾਰੀ ਕਰਨ ਤੋਂ ਬਾਅਦ ਇੱਕ ਵਿਆਪਕ ਇਮੀਗ੍ਰੇਸ਼ਨ ਕਾਰਵਾਈ ਦੇ ਹਿੱਸੇ ਵਜੋਂ ਅਮਰੀਕੀ District Judge John Coughe-nour ਦਾ ਮੁਢਲਾ ਹੁਕਮ ਅਮਰੀਕੀ

ਰਾਸ਼ਟਰਪਤੀ ਟਰੰਪ ਦੇ ਅਮਰੀਕੀ ਕਾਨੂੰਨ ਨੂੰ ਬਦਲਣ ਦੀਆਂ ਕੋਸ਼ਿਸ਼ਾਂ ਲਈ ਦੂਜਾ ਵੱਡਾ ਕਾਨੂੰਨੀ ਝਟਕਾ ਏ। ਜੱਜ ਨੇ ਕਿਹਾ ਕਿ ਸੰਵਿਧਾਨ ਕੋਈ ਅਜਿਹੀ ਚੀਜ਼ ਨਹੀਂ ਏ ਜਿਸ ਨਾਲ ਸਰਕਾਰ ਨੀਤੀਗਤ ਖੇਡਾਂ ਖੇਡ ਸਕਦੀ ਏ ਓਹਨਾਂ ਜ਼ੋਰ ਦਿੱਤਾ ਕਿ ਜੇਕਰ ਸਰਕਾਰ ਜਨਮ ਅਧਿਕਾਰ ਨਾਗਰਿਕਤਾ ਦੀ ਵਿਲਖਣ ਅਮਰੀਕੀ ਗ੍ਰਾਂਟ ਨੂੰ ਬਦਲਣਾ ਚਾਹੁੰਦੀ ਏ, ਤਾਂ ਉਸਨੂੰ ਸੰਵਿਧਾਨ ਵਿੱਚ ਸੋਧ ਕਰਨ ਦੀ ਜ਼ਰੂਰਤ ਏ।

-----------------------------------------------------------------------------------

ਸਰਕਾਰ ਨੇ 2022-23 ਤੋਂ 2025-26 ਦੀ ਮਿਆਦ ਵਾਸਤੇ ਸਕਿਲ ਇੰਡੀਆ ਪ੍ਰੋਗਰਾਮ ਲਈ 8 ਹਜ਼ਾਰ 800 ਕਰੋੜ ਰੁਪਏ ਮਨਜ਼ੂਰ ਕੀਤੇ ਨੇ। ਕੱਲ੍ਹ ਨਵੀਂ ਦਿੱਲੀ ਵਿੱਚ ਮੀਡੀਆ ਨੂੰ ਸੰਬੋਧਨ ਕਰਦਿਆਂ ਸੂਚਨਾ ਅਤੇ ਪ੍ਰਸਾਰਨ ਮੰਤਰੀ ਅਸ਼ਵਨੀ ਵੈਸ਼ਨਵ ਨੇ ਕਿਹਾ ਕਿ ਮੰਗ ਆਧਾਰਤ ਹੁਨਰ ਵਿਕਾਸ ਸਰਕਾਰ ਦਾ ਕੇਂਦਰ ਬਿੰਦੂ ਏ ਅਤੇ ਗੁਣਵੱਤਾ ਵਧਾਉਣ ਤੇ ਜ਼ੋਰ ਦਿੱਤਾ ਜਾਵੇਗਾ। ਸ੍ਰੀ ਵੈਸ਼ਨਵ ਨੇ ਦੱਸਿਆ ਕਿ ਸਰਕਾਰ ਨੇ ਸਫਾਈ ਮੁਲਾਜ਼ਮਾਂ ਲਈ ਰਾਸ਼ਟਰੀ ਕਮਿਸ਼ਨ ਦੇ ਕਾਰਜਕਾਲ ਨੂੰ ਤਿੰਨ ਸਾਲ ਵਧਾ ਕੇ 31 ਮਾਰਚ 2028 ਤੱਕ ਕਰਨ ਨੂ

ਵੀ ਪ੍ਰਵਾਨਗੀ ਦੇ ਦਿੱਤੀ ਏ। ਮੰਤਰੀ ਨੇ ਇਹ ਵੀ ਦੱਸਿਆ ਕਿ ਦੱਖਣ-ਪੱਛਣ ਰੇਲਵੇ ਜ਼ੋਨ ਨੂ ਵੀ ਹਰੀ ਝੰਡੀ ਦੇ ਦਿੱਤੀ ਗਈ ਏ ਜਿਸ ਨਾਲ ਰੇਲਵੇ ਦੇ ਸੰਚਾਲਨ ਵਿਚ ਹੋਰ ਕੁਸ਼ਲਤਾ ਆਵੇਗੀ।- Byte

---------------------------------------------------------------

ਅਮਰੀਕਾ ਤੋਂ ਪੰਜਾਬ ਦੇ ਰਹਿਣ ਵਾਲੇ ਭਾਰਤੀ ਨਾਗਰਿਕਾਂ ਦੀ ਵਤਨ ਵਾਪਸੀ ਤੋਂ ਬਾਅਦ ਪੈਦਾ ਹੋਏ ਗੈਰ-ਕਾਨੂੰਨੀ ਮਨੁੱਖੀ ਤਸਕਰੀ ਤੇ ਗੈਰ-ਕਾਨੂੰਨੀ ਪ੍ਰਵਾਸ ਦੇ ਮੁੱਦੇ ਦੀ ਗੰਭੀਰਤਾ ਤੇ ਢੁੱਕਵੀਂ ਜਾਂਚ ਲਈ ਪੰਜਾਬ ਪੁਲਿਸ ਨੇ ਚਾਰ ਮੈਂਬਰੀ ਵਿਸ਼ੇਸ਼ ਜਾਂਚ ਟੀਮ (ਐਸ.ਆਈ.ਟੀ.) ਦਾ ਗਠਨ ਕੀਤਾ ਏ। ਪੰਜਾਬ ਦੇ ਡੀ.ਜੀ.ਪੀ. ਗੌਰਵ ਯਾਦਵ ਨੇ ਇਹ ਐਲਾਨ ਕਰਦੇ ਹੋਏ ਦੱਸਿਆ ਕਿ ਚਾਰ ਮੈਂਬਰੀ ਐਸ.ਆਈ.ਟੀ. ਦਾ ਗਠਨ ਗੈਰ ਵਸਨੀਕ ਭਾਰਤੀਆਂ ਦੇ ਮਾਮਲਿਆਂ ਬਾਰੇ ਏ.ਡੀ.ਜੀ.ਪੀ. ਪ੍ਰਵੀਨ ਸਿਨਹਾ ਦੀ ਅਗਵਾਈ ਹੇਠ ਕੀਤਾ ਗਿਆ ਏ। ਇਸ ਵਿਸ਼ੇਸ਼ ਜਾਂਚ ਟੀਮ ਦੇ ਮੈਂਬਰਾਂ ਵਿੱਚ ਏ.ਡੀ.ਜੀ.ਪੀ. ਅੰਦਰੂਨੀ ਸੁਰੱਖਿਆ ਸ਼ਿਵੇ ਕੁਮਾਰ ਵਰਮਾ, ਆਈ.ਜੀ.ਪੀ. ਪ੍ਰੋਵੀਜ਼ਨਿੰਗ ਡਾ. ਐਸ. ਬੂਪਤੀ ਅਤੇ ਡੀ.ਆਈ.ਜੀ. ਬਾਰਡਰ ਰੇਂਜ ਸਤਿੰਦਰ ਸਿੰਘ ਸ਼ਾਮਲ ਨੇ। ਇਹ

ਐਸ.ਆਈ.ਟੀ. ਗੈਰ-ਕਾਨੂੰਨੀ ਗਤੀਵਿਧੀਆਂ ਵਿੱਚ ਸ਼ਾਮਲ ਵਿਅਕਤੀਆਂ ਦੀ ਪਛਾਣ ਕਰਨ ਅਤੇ ਅਜਿਹੇ ਵਿਅਕਤੀਆਂ ਦੀ ਜਵਾਬਦੇਹੀ ਤੈਅ ਕਰਨਾ ਯਕੀਨੀ ਬਣਾਏਗੀ। ਡੀਜੀਪੀ ਯਾਦਵ ਨੇ ਕਿਹਾ ਕਿ ਇਸ ਕਮੇਟੀ ਨੂੰ ਕਾਨੂੰਨ ਅਤੇ ਤੱਥਾਂ ਅਨੁਸਾਰ ਢੁੱਕਵੀਂ ਕਾਰਵਾਈ ਕਰਨ ਅਤੇ ਗੈਰ-ਕਾਨੂੰਨੀ ਕੰਮਾਂ  ਅਤੇ ਗੈਰ-ਕਾਨੂੰਨੀ ਪ੍ਰਵਾਸ ਤੇ ਮਨੁੱਖੀ ਤਸਕਰੀ ਵਿੱਚ ਸ਼ਾਮਲ ਪਾਏ ਜਾਣ ਵਾਲੇ ਕਿਸੇ ਵੀ ਵਿਅਕਤੀ ਵਿਰੁੱਧ ਸਖ਼ਤ ਕਾਰਵਾਈ ਕਰਨ ਦੇ ਨਿਰਦੇਸ਼ ਦਿੱਤੇ ਗਏ ਨੇ। ਐਸ.ਆਈ.ਟੀ ਨੂੰ ਜਾਂਚ ਵਿੱਚ ਕਿਸੇ ਵੀ ਹੋਰ ਪੁਲਿਸ ਅਧਿਕਾਰੀ ਨੂੰ ਸ਼ਾਮਲ ਕਰਨ ਜਾਂ ਸਹਿਯੋਗ ਲੈਣ ਦਾ ਅਧਿਕਾਰ ਦਿੱਤਾ ਗਿਆ ਏ ।

-----------------------------------------------------------------

ਪੰਜਾਬ ਦੇ ਰਾਜਪਾਲ ਅਤੇ ਚੰਡੀਗੜ੍ਹ ਦੇ ਪ੍ਰਸਾਸਕ ਸ੍ਰੀ ਗੁਲਾਬ ਚੰਦ ਕਟਾਰੀਆ ਨੇ ਪੰਜਾਬ ਰਾਜ ਭਵਨ ਵਿਖੇ ਪੰਜਾਬ ਦੀਆਂ ਯੂਨੀਵਰਸਿਟੀਆਂ ਅਤੇ ਕਾਲਜਾਂ ਵਿੱਚ ਤਣਾਅ ਪ੍ਰਤੀ ਪ੍ਰਬੰਧਨ ਅਤੇ ਨਸ਼ਿਆਂ ਦੀ ਲੱਤ ਬਾਰੇ ਕਰਵਾਏ ਸੰਮੇਲਨ ਨੂੰ ਸੰਬੋਧਨ ਕੀਤਾ। ਆਪਣੇ ਸੰਬੋਧਨ ਵਿਚ ਉਨ੍ਹਾਂ ਸਾਲ 2047 ਤੱਕ ਵਿਕਸਤ ਭਾਰਤ ਦੇ ਸੁਨਹਿਰੀ

ਸੁਪਨੇ ਨੂੰ ਸਾਕਾਰ ਕਰਨਾ ਇੱਕ ਮਜ਼ਬੂਤ ਤੇ ਹੁਨਰਮੰਦ ਨੌਜਵਾਨ ਪੀੜੀ ਦੇ ਮੋਢਿਆਂ ‘ਤੇ ਨਿਰਭਰ ਏ, ਜਿਨਾਂ ਨੂੰ ਨਸ਼ਿਆਂ ਤੋਂ ਦੂਰ ਰਹਿ ਕੇ ਆਪਣੀ ਭਰਪੂਰ ਊਰਜਾ ਨੂੰ ਸਮਾਜ ਅਤੇ ਰਾਸ਼ਟਰ ਦੀ ਭਲਾਈ ’ਤੇ ਲਾਉਣ ਹਿੱਤ ਸਕਾਰਾਤਮਕ ਦਿਸ਼ਾ ਦੇਣ ਦੀ ਲੋੜ ਏ। ਇਸ ਤੋਂ ਪਹਿਲਾਂ ਪੰਜਾਬ ਦੇ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ ਕਿ ਨਸ਼ਿਆਂ ਦੇ ਪ੍ਰਵਾਹ ਨੂੰ ਰੋਕਣ ਲਈ ਸਪਲਾਈ ਲੜੀ ਨੂੰ ਤੋੜਨ ਦੀ ਲੋੜ ਏ। ਇਸ ਮੌਕੇ ਪੰਜਾਬ ਦੇ ਡੀਜੀਪੀ ਗੌਰਵ ਯਾਦਵ ਨੇ ਸਰਹੱਦ ਪਾਰੋਂ ਪਾਕਿਸਤਾਨ ਵੱਲੋਂ ਚਲੀ ਜਾ ਰਹੀ ਨਾਰਕੋ ਦਹਿਸ਼ਤਗਰਦੀ ਅਤੇ ਇਸ ਨਾਲ ਨਜਿੱਠਣ ਲਈ ਰਾਜ ਪੁਲਿਸ ਵੱਲੋਂ ਚੁੱਕੇ ਗਏ ਕਦਮਾਂ ‘ਤੇ ਚਾਨਣਾ ਪਾਇਆ । ਇਸ ਮੌਕੇ ਨੈਸਨਲ ਇੰਸਟੀਚਿਊਟ ਆਫ ਮੈਂਟਲ ਹੈਲਥ ਐਂਡ ਨਿਊਰੋਸਾਇੰਸਿਜ ਬੰਗਾਲੁਰੂ ਦੇ ਡਾਇਰੈਕਟਰ ਪ੍ਰੋ. ਡਾ. ਪ੍ਰਤਿਮਾ ਮੂਰਤੀ ਨੇ ਸਮੱਸਿਆ ਨੂੰ ਸਮਝਣ ਅਤੇ ਨਜਿੱਠਣ ਦੇ ਤਰੀਕਿਆਂ ਬਾਰੇ ਆਪਣੇ ਵਿਚਾਰ ਪੇਸ਼ ਕੀਤੇ।

------------------------------------------------------------

ਪੰਜਾਬ ਦੇ ਸਥਾਨਕ ਸਰਕਾਰਾਂ ਬਾਰੇ ਮੰਤਰੀ ਡਾ ਰਵਜੋਤ ਸਿੰਘ ਨੇ ਕਿਹੈ

ਕਿ ਸੂਬਾ ਸਰਕਾਰ ਆਪਣੇ ਨਾਗਰਿਕਾਂ ਨੂੰ ਪ੍ਰਦੂਸ਼ਣ ਰਹਿਤ ਚੌਗਿਰਦਾ ਮੁਹੱਈਆ ਕਰਵਾਉਣ ਲਈ ਲਗਾਤਾਰ ਯਤਨਸ਼ੀਲ ਏ। ਉਨ੍ਹਾਂ ਕਿਹਾ ਕਿ ਪਵਿੱਤਰ ਸਹਿਰ ਅੰਮ੍ਰਿਤਸਰ ਵਿੱਚ ਹਵਾ ਪ੍ਰਦੂਸ਼ਣ ਨੂੰ ਘਟਾਉਣ ਵੱਲ ਇੱਕ ਮਹੱਤਵਪੂਰਨ ਕਦਮ ਚੁੱਕਦਿਆਂ ਆਰ.ਏ. ਏ. ਐਚ.ਆਈ. ਸਕੀਮ ਤਹਿਤ 1200 ਪੁਰਾਣੇ ਡੀਜ਼ਲ ਆਟੋ ਨੂੰ ਇਲੈਕਟ੍ਰਿਕ ਆਟੋ ਨਾਲ ਬਦਲਣ ਦਾ ਟੀਚਾ ਤੈਅ ਕੀਤਾ ਗਿਆ ਸੀ ਜੋ ਪੂਰਾ ਕਰ ਲਿਆ ਗਿਆ ਏ। ਇਸ ਤੋਂ ਇਲਾਵਾ ਸਰਕਾਰ ਵੱਲੋਂ ਮਹਿਲਾਵਾਂ ਦੇ ਸ਼ਕਤੀਕਰਨ ਦੀ ਪਹਿਲਕਦਮੀ ਦੇ ਹਿੱਸੇ ਵਜੋਂ ਉਨ੍ਹਾਂ ਨੂੰ ਆਤਮ ਨਿਰਭਰ ਬਣਾਉਣ ਲਈ 200 ਪਿੰਕ ਈ-ਆਟੋ 90 ਫੀਸਦੀ ਸਬਸਿਡੀ ‘ਤੇ ਮੁਹੱਈਆ ਕਰਵਾਏ ਜਾ ਰਹੇ ਨੇ ਅਤੇ ਹੁਣ ਤੱਕ 160 ਪਿੰਕ ਈ-ਆਟੋ ਡਲਿਵਰ ਕੀਤੇ ਜਾ ਚੁੱਕੇ ਨੇ। ਕੈਬਨਿਟ ਮੰਤਰੀ ਨੇ ਅੱਗੇ ਦੱਸਿਆ ਕਿ ਜਨਤਕ ਆਵਾਜਾਈ ਨੂੰ ਮਜ਼ਬੂਤ ਕਰਨ ਅਤੇ ਨਿੱਜੀ ਸਾਧਨਾਂ ‘ਤੇ ਨਿਰਭਰਤਾ ਨੂੰ ਘਟਾਉਣ ਲਈ ਸੂਬੇ ਦੇ ਪ੍ਰਮੁੱਖ ਸਹਿਰਾਂ ਲਈ ਕੁੱਲ 347 ਇਲੈਕਟ੍ਰਿਕ ਬੱਸਾਂ ਦੀ ਖਰੀਦ ਕੀਤੀ ਜਾ ਰਹੀ ਏ, ਜਿਸ ਵਿੱਚ ਅੰਮ੍ਰਿਤਸਰ ਲਈ 100 ਬੱਸਾਂ, ਜਲੰਧਰ ਲਈ 97 ਬੱਸਾਂ, ਲੁਧਿਆਣਾ ਈ 100 ਬੱਸਾਂ

ਅਤੇ ਪਟਿਆਲਾ 50 ਲਈ ਬੱਸਾਂ ਸਾਮਲ ਨੇ। ਇਸ ਤੋਂ ਇਲਾਵਾ ਪੰਜਾਬ ਸਰਕਾਰ ਐਸ.ਏ.ਐਸ ਨਗਰ (ਮੁਹਾਲੀ) ਕਲੱਸਟਰ ਲਈ ਇਲੈਕਟ੍ਰਿਕ ਸਿਟੀ ਬੱਸ ਸੇਵਾ ਸੁਰੂ ਕਰਨ 'ਤੇ ਕੰਮ ਕਰ ਰਹੀ ਏ, ਜਿਸ ਵਿੱਚ ਖਰੜ, ਕੁਰਾਲੀ, ਜੀਰਕਪੁਰ, ਮੁੱਲਾਂਪੁਰ, ਡੇਰਾਬੱਸੀ ਅਤੇ ਬਨੂੜ ਸ਼ਾਮਲ ਹੋਣਗੇ।